ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਿਰੋਜ਼ਪੁਰ

ਪ੍ਰੈੱਸ ਨੋਟ 1

ਕਰਫ਼ਿਊ ਦੇ ਵਿਚ ਗ਼ਰੀਬ ਲੋਕਾਂ ਨੂੰ ਘਰਾਂ ਤੱਕ 3 ਮਹੀਨੇ ਦੀ ਕਣਕ ਤੇ ਦਾਲ ਵੰਡਣ ਦੀ ਮੁਹਿੰਮ ਵਿੱਚ ਆਈ ਤੇਜ਼ੀ-ਪਿੰਕੀ

ਵਿਧਾਇਕ ਨੇ ਕਿਹਾ ਪੰਜਾਬ ਸਰਕਾਰ ਕੋਰੋਨਾ ਵਾਇਰਸ ਦੀ ਮਹਾਂਮਾਰੀ ਨੂੰ ਲੈ ਕੇ ਲੋਕਾਂ ਨੂੰ ਘਰ ਤੱਕ ਜ਼ਰੂਰੀ ਵਸਤੂਆਂ ਪਹੁੰਚਾਉਣ ਦੇ ਲਈ ਵਚਨਬੱਧ

ਕਿਹਾ, ਸ਼ਹਿਰ ਵਿੱਚ ਸੁੱਕੇ ਰਾਸ਼ਨ ਦੇ 22 ਹਜ਼ਾਰ ਪੈਕਟ ਵੀ ਵੰਡੇ ਗਏ ਤੇ ਜ਼ਰੂਰਤਮੰਦ ਲੋਕਾਂ ਤੱਕ ਮਦਦ ਜਾਰੀ ਰੱਖਣ ਦੀ ਵਚਨਬੱਧਤਾ ਦੁਹਰਾਈ

ਫ਼ਿਰੋਜ਼ਪੁਰ 25 ਅਪ੍ਰੈਲ 2020( ) ਪੰਜਾਬ ਸਰਕਾਰ ਕਰਫ਼ਿਊ ਅਤੇ ਲਾਕਡਾਊਨ ਦੇ ਵਿੱਚ ਗਰੀਬ ਤੇ ਜ਼ਰੂਰਤਮੰਦ ਲੋਕਾਂ ਤੱਕ ਜ਼ਰੂਰਤ ਦਾ ਸਾਰਾ ਸਮਾਨ ਪਹੁੰਚਾਉਣ ਦੇ ਲਈ ਪਰੀ ਤਰ੍ਹਾਂ ਵਚਨਬੱਧ ਹੈ। ਇਸ ਲਈ ਸਮਾਰਟ ਰਾਸ਼ਨ ਕਾਰਡ ਹੋਲਡਰਾਂ ਤੱਕ ਅਗਲੇ 3 ਮਹੀਨੇ ਦੀ ਕਣਕ ਅਤੇ ਦਾਲ ਪਹੁੰਚਾਉਣ ਦੀ ਮੁਹਿੰਮ ਤੇਜ਼ ਕਰ ਦਿੱਤੀ ਗਈ ਹੈ। ਇਹ ਵਿਚਾਰ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਨੇ ਵਿਅਕਤ ਕੀਤੇ।

ਵਿਸਥਾਰ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਇਸ ਯੋਜਨਾ ਦੇ ਤਹਿਤ 9 ਹਜ਼ਾਰ ਮੀਟਰਿਕ ਟਨ ਤੋਂ ਜ਼ਿਆਦਾ ਕਣਕ ਪਹੁੰਚ ਚੁੱਕੀ ਹੈ, ਜਿਸ ਦੀ ਵੰਡ ਡੀਪੂਆਂ ਰਾਹੀਂ ਲੋਕਾਂ ਦੇ ਘਰਾਂ ਤੱਕ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹਰੇਕ ਮੈਂਬਰ ਨੂੰ ਤਿੰਨ ਮਹੀਨੇ ਦੇ ਲਈ 3 ਕਿੱਲੋ ਦਾਲ ਵੀ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਰਫ਼ਿਊ ਦੇ ਦੌਰਾਨ ਲੋਕਾਂ ਨੂੰ ਖਾਣੇ ਨੂੰ ਲੈ ਕੇ ਕੋਈ ਦਿੱਕਤ ਨਾ ਹੋਵੇ, ਇਸ ਲਈ ਇਨ੍ਹਾਂ ਵੱਡਾ ਕਦਮ ਉਠਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਫ਼ਿਰੋਜ਼ਪੁਰ ਦੇ ਗ਼ਰੀਬ ਤੇ ਜ਼ਰੂਰਤਮੰਦ ਲੋਕਾਂ ਨੂੰ 22 ਹਜ਼ਾਰ ਸੁੱਕੇ ਰਾਸ਼ਨ ਦੇ ਪੈਕਟ ਵੀ ਵੰਡੇ ਗਏ ਹਨ। ਇਹ ਪੈਕਟ ਸਬੰਧਿਤ ਲੋਕਾਂ ਦੇ ਘਰਾਂ ਤੱਕ ਪਹੁੰਚਾਏ ਗਏ ਹਨ। ਵਿਧਾਇਕ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿਚ ਸੁੱਕੇ ਰਾਸ਼ਨ ਅਤੇ ਤਿਆਰ ਫ਼ੂਡ ਦੇ ਹੋਰ ਵੀ ਪੈਕਟ ਵੰਡੇ ਜਾਣਗੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਦੇ ਪਾਸ ਰਾਸ਼ਨ ਦਾ ਪੈਕਟ ਨਹੀਂ ਪਹੁੰਚਿਆ ਤਾਂ ਉਹ ਉਨ੍ਹਾਂ ਨਾਲ ਸੰਪਰਕ ਕਰੇ, ਜਿਸ ਨੂੰ ਤੁਰੰਤ ਰਾਸ਼ਨ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸੰਕਟ ਦੀ ਇਸ ਕੜੀ ਵਿੱਚ ਜ਼ਰੂਰਤਮੰਦ ਲੋਕਾਂ ਦੀ ਸੇਵਾ ਹੀ ਸਾਡਾ ਸਭ ਤੋਂ ਵੱਡਾ ਫ਼ਰਜ਼ ਹੈ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 2

ਨੋਵਲ ਕੋਰੋਨਾ ਵਾਇਰਸ ਦੀ ਮਹਾਂਮਾਰੀ ਨੂੰ ਦੇਖਦਿਆਂ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਦੀਆਂ ਦਾਣਾ ਮੰਡੀਆਂ ਵਿੱਚ ਕਣਕ ਦੀ ਖਰੀਦ ਸਬੰਧੀ ਕੀਤੇ ਗਏ ਹਨ ਪੁਖਤਾ ਪ੍ਰਬੰਧ -ਕਿਸਾਨ ਸੁਖਦੇਵ ਸਿੰਘ

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਮਾਜਿਕ ਵਿੱਥ ਦਾ ਰੱਖਿਆ ਜਾ ਰਿਹੈ ਵਿਸ਼ੇਸ਼ ਧਿਆਨ

ਕਿਸਾਨ ਜਾਰੀ ਕੀਤੇ ਟੋਕਨਾਂ ਮੁਤਾਬਕ ਆਪਣੀ ਵਾਰੀ ਅਨੁਸਾਰ ਹੀ ਮੰਡੀਆਂ ਵਿੱਚ ਲਿਆ ਰਹੇ ਨੇ ਫ਼ਸਲ

ਫਿਰੋਜ਼ਪੁਰ 25 ਅਪ੍ਰੈਲ 2020 ( ) ਨੋਵਲ ਕੋਰੋਨਾ ਵਾਇਰਸ ਦੀ ਮਹਾਂਮਾਰੀ ਨੂੰ ਦੇਖਦਿਆਂ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਦੀਆਂ ਸਮੂਹ ਦਾਣਾ ਮੰਡੀਆਂ ਵਿੱਚ ਕਣਕ ਦੀ ਲਿਫ਼ਟਿੰਗ, ਖ਼ਰੀਦ ਤੇ ਅਦਾਇਗੀ ਸਬੰਧੀ ਪੁਖਤਾ ਪ੍ਰਬੰਧ ਕੀਤੇ ਗਏ ਹਨ ਤੇ ਸਰਕਾਰ ਵੱਲੋਂ ਮੁਹੱਈਆ ਕਰਵਾਏ ਗਏ ਟੋਕਨਾਂ ਦੇ ਆਧਾਰ ਤੇ ਹੀ ਅਸੀਂ ਮੰਡੀ ਵਿੱਚ ਆਪਣੀ ਕਣਕ ਦੀ ਫਸਲ ਲਿਆਏ ਹਾਂ। ਇਹ ਪ੍ਰਗਟਾਵਾ ਪਿੰਡ ਸਾਬੂ ਵਾਲਾ ਦੇ ਕਿਸਾਨ ਸੁਖਦੇਵ ਸਿੰਘ ਨੇ ਫ਼ਿਰੋਜ਼ਪੁਰ ਸ਼ਹਿਰ ਦੀ ਦਾਣਾ ਮੰਡੀ ਵਿਖੇ ਆਪਣੀ ਕਣਕ ਦੀ ਫ਼ਸਲ ਵੇਚਣ ਮੌਕੇ ਕੀਤਾ।

ਸ੍ਰ. ਸੁਖਦੇਵ ਸਿੰਘ ਨੇ ਦੱਸਿਆ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਮੰਡੀਆਂ ਵਿੱਚ ਸਮਾਜਿਕ ਵਿੱਥ (ਸੋਸ਼ਲ ਡਿਸਟੈਂਸਿੰਗ) ਦਾ ਪੂਰਾ ਧਿਆਨ ਰੱਖਿਆ ਜਾ ਰਿਹਾ ਹੈ ਅਤੇ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਤੇ ਕੰਮ ਕਰ ਰਹੀ ਲੇਬਰ ਦੇ ਹੱਥ ਸਾਫ ਕਰਨ ਲਈ ਸੈਨੀਟਾਈਜ਼ਰ ਦਾ ਪ੍ਰਬੰਧ ਕਰਨ ਦੇ ਨਾਲ-ਨਾਲ ਮਾਸਕਾਂ ਦਾ ਪ੍ਰਬੰਧ ਵੀ ਕੀਤਾ ਗਿਆ ਹੈ ਤਾਂ ਜੋ ਕੋਵਿਡ-19 ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਦੱਸਆ ਕਿ ਮੈਂ ਆਪਣੀ ਕਣਕ ਦੀ ਫਸਲ ਸਵੇਰੇ ਮੰਡੀ ਵਿੱਚ ਲੈ ਕੇ ਆਇਆ ਹਾਂ ਤੇ ਆਉਂਦਿਆਂ ਹੀ ਮੇਰੀ ਟਰਕਟਰ ਟਰਾਲੀ ਨੰ ਸਨੇਟਾਈਜ਼ ਕੀਤਾ ਗਿਆ ਤੇ ਫਿਰ ਫਸਲ ਨੂੰ ਲਾਹ ਕੇ ਪੱਖਾ ਲਗਾਇਆ ਗਿਆ ਹੈ ਤੇ ਹੁਣ ਇਸ ਦੀ ਤੁਲਾਈ ਹੋਣ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੈਨੂੰ ਪੂਰੀ ਉਮੀਦ ਹੈ ਕਿ ਮੈਂ ਸ਼ਾਮ ਤੱਕ ਆਪਣੀ ਫਸਲ ਵੇਚ ਕੇ ਆਪਣੇ ਘਰ ਚਲਿਆ ਜਾਵਾਂਗਾ ਇਸ ਲਈ ਮੈਂ ਪੰਜਾਬ ਸਰਕਾਰ ਦਾ ਬਹੁਤ ਧੰਨਵਾਦੀ ਹਾਂ।

ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਨੇ ਦੱਸਿਆ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਸਰਕਾਰ ਵੱਲੋਂ ਦਿੱਤੀਆਂ ਹਦਾਇਤਾਂ ਮੁਤਾਬਿਕ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਕਣਕ ਦੀ ਖ਼ਰੀਦ ਕੀਤੀ ਜਾ ਰਹੀ ਹੈ ਅਤੇ ਸਾਰੀ ਖ਼ਰੀਦ ਪ੍ਰਕ੍ਰਿਆ ਤਸੱਲੀ ਬਖ਼ਸ਼ ਢੰਗ ਨਾਲ ਜਾਰੀ ਹੈ। ਉਨ੍ਹਾਂ ਦੱਸਿਆ ਕਿ ਕੱਲ੍ਹ ਸਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿਚ 1,96,876 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਅਤੇ 1,95,965 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪਨਗ੍ਰੇਨ ਵੱਲੋਂ 65,697 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 54,896 ਮੀਟ੍ਰਿਕ ਟਨ, ਪਨਸਪ ਵੱਲੋਂ 37,293 ਮੀਟ੍ਰਿਕ ਟਨ, ਪੰਜਾਬ ਵੇਅਰ ਹਾਊਸ ਵੱਲੋਂ 29,876 ਮੀਟ੍ਰਿਕ ਟਨ, ਐਫ. ਸੀ. ਆਈ ਵੱਲੋਂ 8027 ਮੀਟ੍ਰਿਕ ਟਨ ਅਤੇ ਵਪਾਰੀਆਂ ਵੱਲੋਂ 200 ਮੀਟਿੰਕ ਟਨ ਕਣਕ ਦੀ ਖ਼ਰੀਦ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਖਰੀਦ ਏਜੰਸੀਆਂ ਨੂੰ ਮੰਡੀਆਂ ਵਿੱਚ ਪੁੱਜਦੀ ਕਣਕ ਦੀ ਤੁਰੰਤ ਖਰੀਦ ਕਰਕੇ ਚੁਕਾਈ ਵੀ ਨਾਲੋ-ਨਾਲ ਕਰਵਾਉਣ ਦੀ ਹਦਾਇਤ ਕੀਤੀ ਗਈ ਹੈ ਤਾਂ ਜੋ ਖ਼ਰੀਦ ਕੇਂਦਰਾਂ ਵਿਚ ਕੋਈ ਵੀ ਦਿੱਕਤ ਪੇਸ਼ ਆਵੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਿਰੋਜ਼ਪੁਰ

ਪ੍ਰੈੱਸ ਨੋਟ 3

ਵਿਦੇਸ਼ਾਂ ਵਿਚ ਫਸੇ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਲੋਕ ਘਰ ਵਾਪਸ ਪਰਤਣ ਲਈ citizeninfofzr@gmail.com ਤੇ ਆਪਣਾ ਵੇਰਵਾ ਭੇਜਣ: ਡਿਪਟੀ ਕਮਿਸ਼ਨਰ

ਨਾਗਰਿਕਾਂ ਨੂੰ ਆਪਣਾ ਨਾਮ, ਪਿਤਾ ਦਾ ਨਾਮ, ਮੌਜੂਦਾ ਮੋਬਾਈਲ ਨੰਬਰ, ਵਿਦੇਸ਼ੀ ਪਤਾ, ਪਾਸਪੋਰਟ ਨੰਬਰ, ਆਪਣੇ ਨਾਲ ਵਾਪਸ ਆਉਣ ਵਾਲੇ ਲੋਕਾਂ ਦੇ ਵੇਰਵੇ, ਪੰਜਾਬ ਦੇ ਨੇੜਲੇ ਹਵਾਈ ਅੱਡੇ ਦਾ ਵੇਰਵਾ ਭੇਜਣ ਦੀ ਅਪੀਲ

ਫ਼ਿਰੋਜ਼ਪੁਰ, 25 ਅਪ੍ਰੈਲ ( )

ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਸ੍ਰ: ਕੁਲਵੰਤ ਸਿੰਘ ਨੇ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਹੋਰਨਾਂ ਦੇਸ਼ਾਂ ਵਿਚ ਫਸੇ ਲੋਕਾਂ ਨੂੰ ਅਪੀਲ ਕੀਤੀ ਹੈ ਜੋ ਆਪਣੇ ਘਰਾਂ ਨੂੰ ਪਰਤਣਾ ਚਾਹੁੰਦੇ ਹਨ ਤਾਂ ਉਹ ਆਪਣਾ ਵੇਰਵਾ citizeninfofzr@gmail.com ਤੇ ਭੇਜ ਸਕਦੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਵਿਦੇਸ਼ਾਂ ਵਿਚ ਫਸੇ ਆਪਣੇ ਨਾਗਰਿਕਾਂ ਨੂੰ ਵਾਪਸ ਲਿਆਉਣ ਲਈ ਕੰਮ ਕੀਤਾ ਜਾ ਰਿਹਾ ਹੈ, ਜਿਸ ਤਹਿਤ ਵਾਪਸ ਆਉਣ ਦੀ ਇੱਛਾ ਰੱਖਣ ਵਾਲੇ ਨਾਗਰਿਕਾਂ ਨੂੰ ਜਲਦੀ ਤੋਂ ਜਲਦੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਆਪਣਾ ਵੇਰਵਾ ਭੇਜਣਾ ਹੋਵੇਗਾ। ਉਨ੍ਹਾਂ ਵਿਦੇਸ਼ਾਂ ਵਿਚ ਫਸੇ ਨਾਗਰਿਕਾਂ ਨੂੰ ਆਪਣਾ ਨਾਮ, ਉਨ੍ਹਾਂ ਦੇ ਪਿਤਾ ਦਾ ਨਾਮ, ਮੌਜੂਦਾ ਮੋਬਾਈਲ ਨੰਬਰ, ਵਿਦੇਸ਼ੀ ਪਤਾ, ਪਾਸਪੋਰਟ ਨੰਬਰ, ਉਨ੍ਹਾਂ ਦੇ ਨਾਲ ਆਉਣ ਵਾਲੇ ਹੋਰ ਲੋਕਾਂ ਦੀ ਜਾਣਕਾਰੀ (ਪਰਿਵਾਰਕ ਮੈਂਬਰਾਂ ਦਾ ਵੇਰਵਾ) ਅਤੇ ਪੰਜਾਬ ਵਿਚ ਉਨ੍ਹਾਂ ਦੇ ਜ਼ਿਲ੍ਹੇ ਦੇ ਨੇੜਲੇ ਹਵਾਈ ਅੱਡੇ ਬਾਰੇ ਜਾਣਕਾਰੀ ਉਕਤ ਈਮੇਲ ਆਈਡੀ ਤੇ ਜਲਦੀ ਤੋਂ ਜਲਦੀ ਭੇਜਣ ਦੀ ਅਪੀਲ ਕੀਤੀ ਹੈ।

ਡਿਪਟੀ ਕਮਿਸ਼ਨਰ ਸ੍ਰ ਕੁਲਵੰਤ ਸਿੰਘ ਨੇ ਕਿਹਾ ਕਿ ਲੋਕ ਉਪਰੋਕਤ ਵੇਰਵੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਜਲਦੀ ਤੋਂ ਜਲਦੀ ਭੇਜਣ ਤਾਂ ਜੋ ਇਨ੍ਹਾਂ ਨੂੰ ਕੰਪਾਈਲ ਕਰਕੇ ਅੱਗੇ ਦੀ ਕਾਰਵਾਈ ਲਈ ਸੂਬਾ ਸਰਕਾਰ ਨੂੰ ਭੇਜਿਆ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਰਾਜ ਦੇ ਨਾਗਰਿਕਾਂ ਦੀ ਵਾਪਸੀ ਲਈ ਬਹੁਤ ਗੰਭੀਰ ਹੈ ਅਤੇ ਜਿਹੜੇ ਲੋਕ ਘਰ ਵਾਪਸ ਆਉਣਾ ਚਾਹੁੰਦੇ ਹਨ ਉਨ੍ਹਾਂ ਲਈ ਵਿਸ਼ੇਸ਼ ਉਡਾਣਾਂ ਦਾ ਪ੍ਰਬੰਧ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਲਈ ਲੋਕ ਜਲਦੀ ਤੋਂ ਜਲਦੀ ਪ੍ਰਸ਼ਾਸਨ ਨੂੰ ਆਪਣੇ ਵੇਰਵੇ ਭੇਜਣ ਤਾਂ ਜੋ ਅਗਲੀ ਕਾਰਵਾਈ ਕੀਤੀ ਜਾ ਸਕੇ। ਵਿਦੇਸ਼ਾਂ ਵਿਚ ਕੰਮ ਕਰਨ ਵਾਲੇ, ਉੱਥੇ ਉੱਚ ਸਿੱਖਿਆ ਲਈ ਯੂਨੀਵਰਸਿਟੀ ਅਤੇ ਕਾਲਜ ਵਿਚ ਪੜ੍ਹ ਰਹੇ ਜਿਹੜੇ ਵਿਦਿਆਰਥੀ ਵਾਪਸ ਆਉਣਾ ਚਾਹੁੰਦੇ ਹਨ, ਤਾਂ ਉਹ ਆਪਣਾ ਵੇਰਵਾ ਪ੍ਰਸ਼ਾਸਨ ਦੀ ਈਮੇਲ ਆਈਡੀ citizeninfofzr@gmail.com ਤੇ ਭੇਜਣ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 4

ਕੋਰੋਨਾ ਵਾਇਰਸ ਦੇ ਮੱਦੇਨਜ਼ਰ ਸਿਹਤ ਸੁਰੱਖਿਆ ਸਬੰਧੀ ਜਰੂਰੀ ਜਾਣਕਾਰੀ ਲੈ ਕੇ ਸਿਵਲ ਸਰਜਨ ਖੁਦ ਕਿਸਾਨਾਂ ਤੱਕ ਪਹੁੰਚੇ

ਖੇਤਾਂ ਵਿਚ ਕਣਕ ਦੀ ਵਾਢੀ ਕਰ ਰਹੇ ਕਿਸਾਨਾਂ, ਲੇਬਰ ਨੂੰ ਕੋਰੋਨਾ ਵਾਇਰਸ ਤੋਂ ਬਚਣ ਅਤੇ ਫੈਲਣ ਤੋਂ ਰੋਕਣ ਸਬੰਧੀ ਦਿੱਤੀ ਅਹਿਮ ਜਾਣਕਾਰੀ

ਫਿਰੋਜ਼ਪੁਰ 25 ਅਪ੍ਰੈਲ ( ) ਕੋਰੋਨਾ ਵਾਇਰਸ ਤੋਂ ਬਚਣ ਲਈ ਸਾਨੂੰ ਕਿਹੜੀਆਂ ਕਿਹੜੀਆਂ ਸਾਵਧਾਨੀਆਂ ਵਰਤਨੀਆਂ ਚਾਹੀਦੀਆਂ ਹਨ ਅਤੇ ਕੰਮ ਕਰਦੇ ਹੋਏ ਅਸੀਂ ਕਿਵੇ ਆਪਣੇ-ਆਪ ਅਤੇ ਦੂਸਰਿਆਂ ਨੂੰ ਵੀ ਇਸ ਵਾਇਰਸ ਤੋਂ ਬਚਾਅ ਸਕਦੇ ਹਾਂ, ਇਹ ਸਾਰੀ ਜਾਣਕਾਰੀ ਲੈ ਕੇ ਸਿਵਲ ਸਰਜਨ ਡਾ. ਨਵਦੀਪ ਸਿੰਘ ਖੁਦ ਖੇਤਾਂ ਵਿਚ ਕਣਕ ਦੀ ਵਾਢੀ ਕਰ ਰਹੇ ਕਿਸਾਨਾਂ ਕੋਲ ਪਹੁੰਚ। ਇਸ ਦੌਰਾਨ ਉਨ੍ਹਾਂ ਕਣਕ ਦੀ ਵਾਢੀ ਕਰ ਰਹੇ ਕਿਸਾਨਾਂ ਨੂੰ ਕੋਰੋਨਾ ਵਾਇਰਸ ਤੋਂ ਬਚਣ ਲਈ ਸਿਹਤ ਵਿਭਾਗ ਵੱਲੋਂ ਜਾਰੀ ਸਾਵਧਾਨੀਆਂ ਬਾਰੇ ਵਿਸਥਾਰ ਬਾਰੇ ਦੱਸਿਆ।

ਡਾ. ਨਵਦੀਪ ਸਿੰਘ ਨੇ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਸਭ ਤੋਂ ਪਹਿਲਾਂ ਸੋਸ਼ਲ ਡਿਸਟੈਂਸਿੰਗ ਨੂੰ ਧਿਆਨ ਵਿਚ ਰੱਖ ਕੇ ਕੰਮ ਕਰੋ ਅਤੇ ਦੂਸਰਾ ਆਪਣੇ ਮੂੰਹ ਤੇ ਮਾਸਕ ਵੀ ਜ਼ਰੂਰ ਪਹਿਣੋ। ਉਨ੍ਹਾਂ ਦੱਸਿਆ ਕਿ  ਕਈ ਵਾਰ ਦੇਖਣ ਨੂੰ ਮਿਲਦਾ ਹੈ ਕਿ ਜਦੋਂ ਕਣਕ ਦੀ ਵਾਢੀ ਕੀਤੀ ਜਾਂਦੀ ਹੈ ਤਾਂ ਪਰਿਵਾਰ ਜਾਂ ਕਈ ਹੋਰ ਲੋਕ ਉਸ ਨੂੰ ਦੇਖਣ ਲਈ ਕੋਲ ਆ ਕੇ ਖੜ ਜਾਂਦੇ ਹਨ ਜੋ ਕਿ ਅੱਜ ਦੇ ਸਮੇਂ ਵਿਚ ਬਿਲਕੁਲ ਹੀ ਗਲਤ ਹੈ ਉਨ੍ਹਾਂ ਕਿਹਾ ਕਿ ਇਸ ਚੀਜ ਦਾ ਪੂਰਾ ਧਿਆਨ ਰੱਖਿਆ ਜਾਵੇ ਕਿ ਕਿੱਸੇ ਵੀ ਕੰਮ ਵਿਚ ਇੱਕਠ ਨਾ ਕੀਤਾ ਜਾਵੇ ਤੇ ਹਰ ਵਿਅਕਤੀ ਇਕ ਤੋਂ ਦੂਜੇ ਵਿਅਕਤੀ ਵਿਚ ਘੱਟੋ-ਘੱਟ 1 ਮੀਟਰ ਦੀ ਦੂਰੀ ਬਣਾਕੇ ਰੱਖੀ ਜਾਵੇ। ਉਨ੍ਹਾਂ ਇਹ ਵੀ ਦੱਸਿਆ ਕਿ ਸਮੇ ਸਮੇਂ ਤੇ ਆਪਣੇ ਹੱਥਾਂ ਨੂੰ ਸਾਬਨ ਨਾਲ ਜਾ ਸੈਨੀਟਾਈਜ਼ਰ ਨਾਲ ਸਾਫ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਵੱਲੋਂ ਕਣਕ ਦੀ ਵਾਢੀ ਦੌਰਾਨ ਕੰਬਾਈਨ ਨਾਲ ਵੀ ਸੈਨੇਟਾਈਜ ਰੱਖਿਆ ਜਾਵੇ ਤੇ ਇਸ ਦੀ ਵਰਤੋਂ ਕੀਤੀ ਜਾਵੇ। ਉਨ੍ਹਾਂ ਕਿਸਾਨਾਂ ਨੂੰ ਮਾਸਕ ਪਹਿਨਣ, ਸ਼ਰੀਰ ਦੀ ਸਫਾਈ ਰੱਖਣ ਦੇ ਸਹੀ ਤਰੀਕੇ ਵੀ ਦੱਸੇ। ਇਸ ਦੌਰਾਨ ਉਨ੍ਹਾਂ ਸਮੂਹ ਕਿਸਾਨਾਂ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਜਾਰੀ ਸਾਵਧਾਨੀਆਂ ਦੀ ਪਾਲਨਾ ਜ਼ਰੂਰ ਕਰਨ ਤਾਂ ਜੋ ਕੋਰੋਨਾ ਵਾਇਰਸ ਨੂੰ ਅੱਗੇ ਫੈਲਣ ਤੋਂ ਰੋਕਿਆ ਜਾ ਸਕੇ। ਇਸ ਮੌਕੇ ਉਨ੍ਹਾਂ ਨਾਲ ਸਟੈਨੋ ਵਿਕਾਸ ਕਾਲੜਾ ਵੀ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਿਰੋਜ਼ਪੁਰ

ਪ੍ਰੈੱਸ ਨੋਟ 5

ਫਲੂ, ਖੰਘ ਅਤੇ ਜ਼ੁਕਾਮ ਲਈ ਕਿਸੇ ਵਿਅਕਤੀ ਨੂੰ ਵੇਚੀਆਂ ਜਾਣ ਵਾਲੀਆਂ ਦਵਾਈਆਂ ਦੀ ਰਿਪੋਰਟ ਕੈਮਿਸਟ ਦੇਣ - ਸਿਵਲ ਸਰਜਨ

ਕਿਹਾ, ਸਮੂਹ ਜ਼ਿਲ੍ਹਾ ਨਿਵਾਸੀ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਜਾਰੀ ਹਦਾਇਤਾਂ ਦੀ ਪਾਲਨਾ ਕਰਨ

ਫ਼ਿਰੋਜ਼ਪੁਰ 25 ਅਪ੍ਰੈਲ 2020(     )

ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਦੀ ਅਗਵਾਈ ਹੇਠ ਸਿਹਤ ਵਿਭਾਗ ਵੱਲੋਂ ਕੋਵਿਡ ਗਾਈਡ ਲਾਈਨਜ਼ ਮੁਤਾਬਕ ਕਰੋਨਾ ਵਾਇਰਸ ਬਿਮਾਰੀ ਨੂੰ ਕਾਬੂ ਕਰਨ ਹਿੱਤ ਮੁਕੰਮਲ ਚੌਕਸੀ ਰੱਖੀ ਜਾ ਰਹੀ ਹੈ। ਜ਼ਿਲ੍ਹੇ ਅੰਦਰ ਕਰੋਨਾ ਦੇ ਪਹਿਲੇ ਪਾਜ਼ੀਟਿਵ ਕੇਸ ਦੀ ਸੂਚਨਾ ਮਿਲਣ ਤੇ ਸਮੁੱਚਾ ਸਿਹਤ ਵਿਭਾਗ ਮੁਕੰਮਲ ਤਨਦੇਹੀ ਅਤੇ ਲਗਨ ਨਾਲ ਕੰਮ ਕਰ ਰਿਹਾ ਹੈ। ਇਸ ਤੋਂ ਇਲਾਵਾ ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਅੰਦਰ ਮਰੀਜ਼ਾਂ ਦੀ ਕੁਆਰਨਟਾਈਨ ਅਤੇ ਆਈਸੋਲੇਸ਼ਨ ਲਈ ਢੁਕਵੇਂ ਪ੍ਰਬੰਧ ਕੀਤੇ ਗਏ ਹਨ।

ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ: ਨਵਦੀਪ ਸਿੰਘ ਨੇ ਦੱਸਿਆ ਕਿ ਕੋਵਿਡ-19 ਮਹਾਂਮਾਰੀ ਦੌਰਾਨ ਸੰਭਾਵਿਤ ਮਰੀਜ਼ਾਂ ਤੇ ਨਜ਼ਰ ਰੱਖਣ ਲਈ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਫੂਡ ਐਂਡ ਡਰੱਗ ਐਡਮਨਿਸਟਰੇਸ਼ਨ ਪੰਜਾਬ ਦੇ ਸਮੂਹ ਜ਼ੋਨਲ ਲਾਇਸੈਂਸਿੰਗ ਅਧਿਕਾਰੀ ਉਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਆਉਂਦੇ ਸਾਰੇ ਕੈਮਿਸਟਾਂ ਵੱਲੋਂ ਸਟੋਰ ਤੇ ਜਾਂ ਕਿਸੇ ਵਿਅਕਤੀ ਦੇ ਘਰ ਫਲੂ,ਖੰਘ ਅਤੇ ਜ਼ੁਕਾਮ ਦੇ ਇਲਾਜ ਲਈ ਦਵਾਈਆਂ ਦੀ ਸਪਲਾਈ ਕਰਨ ਸਬੰਧੀ ਰਿਪੋਰਟ ਸਿਵਲ ਸਰਜਨ ਪਾਸ ਭੇਜਣਾ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਵਿਦੇਸ਼ਾਂ, ਬਾਹਰਲੇ ਸੂਬਿਆਂ ਤੋਂ ਆਏ ਅਤੇ ਦੂਜੇ ਜ਼ਿਲਿਆਂ ਦੇ ਪਾਜ਼ੀਟਿਵ ਕੇਸਾਂ ਸੰਪਰਕ ਵਾਲੇ ਵਿਅਕਤੀਆਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 14 ਦਿਨਾਂ ਲਈ ਘਰਾਂ ਅੰਦਰ ਹੀ ਇਕਾਂਤਵਾਸ ਲਈ ਕਿਹਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਕਰੋਨਾ ਵਾਇਰਸ ਕਿਸੇ ਕਰੋਨਾ ਵਾਇਰਸ ਪੀੜਿਤ ਵਿਅਕਤੀ ਦੇ ਨਿੱਛਣ, ਖੰਘਣ ਨਾਲ ਵਿਸ਼ਾਣੂਯੁਕਤ ਡਰਾਪਲੈਟਸ ਤੰਦਰੁਸਤ ਵਿਅਕਤੀ ਤੱਕ ਜਾਣ ਨਾਲ ਫੈਲਦਾ ਹੈ ਇਸ ਲਈ ਇਸ ਰੋਗ ਨੂੰ ਰੋਕਣ ਵਿੱਚ ਸੋਸ਼ਲ ਡਿਸਟੈਂਸਿੰਗ ਬਹੁਤ ਮਹੱਤਵਪੂਰਨ ਹ ਜੋ ਸਾਨੂੰ ਸਾਰਿਆਂ ਨੂੰ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਤੱਕ 2 ਮੀਟਰ ਦੀ ਦੂਰੀ ਰੱਖਣੀ ਚਾਹੀਦੀ ਹੈ।ਕਰੋਨਾ ਰੋਗ ਦੇ ਫੈਲਾਅ ਨੂੰ ਰੋਕਣ ਲਈ ਵਾਰ-ਵਾਰ ਹੱਥ ਧੋਣੇ ਚਾਹੀਦੇ ਹਨ ਅਤੇ ਸੈਨੀਟਾਈਜ਼ਰ ਦਾ ਇਸਤੇਮਾਲ ਕਰਨਾ ਚਾਹੀਦਾ ਹੈ। ਉਨ੍ਹਾਂ ਸਮੂਹ ਜ਼ਿਲ੍ਹਾ ਨਿਵਾਸੀਆਂ ਨੂੰ ਕਿਹਾ ਕਿ ਕਿਸੇ ਕਿਸਮ ਦੀ ਘਬਰਾਹਟ ਵਿੱਚ ਨਾ ਆਉਣ ਅਤੇ ਸਰਕਾਰ ਤੇ ਪ੍ਰਸ਼ਾਸਣ ਵੱਲੋਂ ਜਾਰੀ ਹਦਾਇਤਾਂ ਦੀ ਪਾਲਨਾ ਕਰਨ ਤੇ   ਘਰੋਂ ਬਾਹਰ ਨਿਕਲਣ ਵੇਲੇ ਮਾਸਕ ਜ਼ਰੂਰ ਪਹਿਨਿਆ ਜਾਵੇ।